# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :13-12-2025**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਦੇਸ਼ ਅੱਜ ਸੰਸਦ ਤੇ ਦਹਿਸ਼ਤਗਰਦੀ ਹਮਲੇ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰ ਰਿਹਾ ਏ-ਰਾਸ਼ਟਰਪਤੀ, ਉਪ ਰਾਸ਼ਟਰਪਤੀ, ਪ੍ਰਧਾਨ ਮੰਤਰੀ ਤੇ ਹੋਰਾਂ ਵੱਲੋਂ ਸ਼ਹੀਦਾਂ ਨੂੰ ਸ਼ਰਧਾ ਦੇ ਫੁਲ ਭੇਟ

- ਪੰਜਾਬ ਵਿਚ ਜ਼ਿਲਾ ਪਰੀਸ਼ਦ ਤੇ ਬਲਾਕ ਸਮਤੀ ਚੋਣਾਂ ਲਈ ਵੋਟਾਂ ਕੱਲ ਪੈਣਗੀਆਂ-ਚੋਣਾਂ ਆਜ਼ਾਦ ਤੇ ਨਿਰਪੱਖ ਢੰਗ ਨਾਲ ਕਰਵਾਉਣ ਲਈ ਤਿਆਰੀਆਂ ਮੁਕਮਲ

- ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ 73ਵਾਂ ਡਿਗਰੀ ਵੰਡ ਸਮਾਰੋਹ ਕਰਵਾਇਆ-ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕੀਤੀ ਸਮਾਰੋਹ ਦੀ ਪ੍ਰਧਾਨਗੀ

- ਮੋਹਾਲੀ ਸਥਿਤ ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਦੇ 5 ਸਾਬਕਾ ਵਿਦਿਆਰਥੀ ਭਾਰਤੀ ਹਥਿਆਰਬੰਦ ਸੈਨਾਵਾਂ ਵਿੱਚ ਅਧਿਕਾਰੀਆਂ ਵਜੋਂ ਸ਼ਾਮਲ

***ਹੁਣ ਖਬਰਾਂ ਵਿਸਥਾਰ ਨਾਲ***

ਦੇਸ਼ ਅੱਜ ਸੰਸਦ ਦਹਿਸ਼ਤਗਰਦੀ ਹਮਲੇ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਦੇ ਰਿਹਾ ਏ। ਅੱਜ ਦੇ ਦਿਨ 13 ਦਸੰਬਰ, 2001 ਨੂੰ, ਸੁਰੱਖਿਆ ਕਰਮੀਆਂ ਨੇ ਸੰਸਦ ਦੀ ਰੱਖਿਆ ਕਰਦੇ ਹੋਏ ਸਰਵਉੱਚ ਕੁਰਬਾਨੀ ਦਿੱਤੀ ਸੀ। ਸੰਸਦ ਭਵਨ ਵਿਖੇ ਉਪ ਰਾਸ਼ਟਰਪਤੀ ਅਤੇ ਰਾਜ ਸਭਾ ਚੇਅਰਮੈਨ ਸੀ.ਪੀ. ਰਾਧਾਕ੍ਰਿਸ਼ਨਨ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਤੇ ਕੇਂਦਰੀ ਮੰਤਰੀ ਪਿਊਸ਼ ਗੋਇਲ, ਜਤਿੰਦਰ ਸਿੰਘ, ਕਿਰੇਨ ਰਿਜੀਜੂ ਅਤੇ ਅਰਜੁਨ ਰਾਮ ਮੇਘਵਾਲ ਨੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ, ਸੀਨੀਅਰ ਕਾਂਗਰਸ ਨੇਤਾ ਸੋਨੀਆ ਗਾਂਧੀ ਤੇ ਹੋਰ ਸੰਸਦ ਮੈਂਬਰਾਂ ਨੇ ਵੀ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਵੀ ਸੰਸਦ ਹਮਲੇ ਦੇ

ਬਹਾਦਰ ਸੁਰੱਖਿਆ ਕਰਮਚਾਰੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਰਾਸ਼ਟਰਪਤੀ ਨੇ ਕਿਹਾ ਕਿ ਰਾਸ਼ਟਰ ਇਨ੍ਹਾਂ ਨਾਇਕਾਂ ਦੀ ਹਿੰਮਤ, ਬਹਾਦਰੀ ਤੇ ਕੁਰਬਾਨੀ ਨੂੰ ਸਲਾਮ ਕਰਦਾ ਏ । ਉਨ੍ਹਾਂ ਕਿਹਾ ਕਿ ਦੇਸ਼, ਸ਼ਹੀਦਾਂ ਤੇ ਉਨ੍ਹਾਂ ਦੇ ਪਰਿਵਾਰਾਂ ਦਾ ਹਮੇਸ਼ਾ ਰਿਣੀ ਰਹੇਗਾ। ਰਾਸ਼ਟਰਪਤੀ ਨੇ ਦਹਿਸ਼ਤਗਰਦੀ ਦੇ ਹਰ ਰੂਪ ਨਾਲ ਲੜਨ ਲਈ ਭਾਰਤ ਦੇ ਦ੍ਰਿੜ ਇਰਾਦੇ ਨੂੰ ਵੀ ਦੁਹਰਾਇਆ। ਇਸੇ ਦੌਰਾਨ ਗ੍ਰਹਿ ਮੰਤਰੀ ਅਮਿਤ ਸ਼ਾਹ, ਰੱਖਿਆ ਮੰਤਰੀ ਰਾਜਨਾਥ ਸਿੰਘ, ਵਿਦੇਸ਼ ਮੰਤਰੀ ਐਸ  ਜੈਸ਼ੰਕਰ ਤੇ ਸੂਚਨਾ ਅਤੇ ਪ੍ਰਸਾਰਣ ਰਾਜ ਮੰਤਰੀ ਐਲ. ਮੁਰੂਗਨ ਨੇ ਵੀ 2001 ਦੇ ਸੰਸਦ ਹਮਲੇ ਵਿੱਚ ਸ਼ਹੀਦ ਹੋਏ ਬਹਾਦਰ ਸੁਰੱਖਿਆ ਕਰਮਚਾਰੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ । ਅਮਿਤ ਸ਼ਾਹ ਨੇ ਉਸ ਸਮੇਂ ਸੁਰੱਖਿਆ ਬਲਾਂ ਦੀ ਅਦੁੱਤੀ ਹਿੰਮਤ ਅਤੇ ਬਹਾਦਰੀ ਨੂੰ ਯਾਦ ਕਰਦਿਆਂ ਕਿਹਾ ਕਿ ਰਾਸ਼ਟਰ ਉਨ੍ਹਾਂ ਦੀ ਕੁਰਬਾਨੀ ਨੂੰ ਹਮੇਸ਼ਾ ਯਾਦ ਰੱਖੇਗਾ । ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਕਿ ਸੰਸਦ 'ਤੇ ਕਾਇਰਾਨਾ ਦਹਿਸ਼ਤਗਰਦੀ ਹਮਲੇ ਦੌਰਾਨ ਬਹਾਦਰ ਸੁਰੱਖਿਆ ਬਲਾਂ ਨੇ ਇੱਕ ਅਟੁੱਟ ਸੁਰੱਖਿਆ ਢਾਲ ਪ੍ਰਦਾਨ ਕੀਤੀ ਸੀ । ਵਿਦੇਸ਼ ਮੰਤਰੀ ਡਾ. ਜੈਸ਼ੰਕਰ ਨੇ ਕਿਹਾ ਕਿ ਉਨ੍ਹਾਂ ਦੀ ਅਦੁੱਤੀ ਹਿੰਮਤ ਨੇ  ਦਹਿਸ਼ਤਗਰਦੀ ਨੂੰ ਉਸ ਦੇ ਸਾਰੇ ਰੂਪਾਂ ਵਿੱਚ ਜੜ੍ਹੋਂ ਪੁੱਟਣ ਦੀ ਰਾਸ਼ਟਰ ਦੀ ਵਚਨਬੱਧਤਾ ਨੂੰ ਮਜ਼ਬੂਤ ਕੀਤਾ ਏ |

---

ਪੰਜਾਬ ਵਿੱਚ ਰਾਜ ਚੋਣ ਕਮਿਸ਼ਨ ਵੱਲੋਂ ਕਲ 14 ਦਸੰਬਰ ਨੂੰ ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸੰਮਤੀ ਦੀਆਂ ਚੋਣਾਂ ਆਜ਼ਾਦ ਤੇ ਨਿਰਪੱਖ ਢੰਗ ਨਾਲ ਕਰਵਾਉਣ ਲਈ ਸਾਰੀਆਂ ਤਿਆਰੀਆਂ ਪੂਰੀਆਂ ਕਰ ਲਈਆਂ ਗਈਆਂ ਨੇ। ਰਾਜ ਚੋਣ ਕਮਿਸ਼ਨਰ ਰਾਜ ਕਮਲ ਚੌਧਰੀ ਨੇ ਦੱਸਿਆ ਕਿ ਵੋਟਾਂ ਸਵੇਰੇ 08:00 ਵਜੇ ਤੋਂ ਸ਼ਾਮ 04:00 ਵਜੇ ਤੱਕ ਬੈਲਟ ਪੇਪਰਾਂ ਰਾਹੀਂ ਪੈਣਗੀਆਂ। ਰਜਿਸਟਰਡ ਵੋਟਰਾਂ ਦੀ ਕੁੱਲ ਗਿਣਤੀ 1.36 ਕਰੋੜ ਤੋਂ ਵੱਧ ਏ। ਸਾਰੇ ਪੇਂਡੂ ਖੇਤਰਾਂ ਨੂੰ ਕਵਰ ਕਰਨ ਵਾਲੇ 19 ਹਜ਼ਾਰ ਤੋਂ ਵੱਧ ਬੂਥ ਸਥਾਪਤ ਕੀਤੇ ਗਏ ਨੇ। ਕੁਝ ਨੂੰ ਬਿਨਾਂ ਵਿਰੋਧ ਚੁਣੇ ਜਾਣ ਤੋਂ ਬਾਅਦ 9,000 ਤੋਂ ਵੱਧ ਉਮੀਦਵਾਰ ਚੋਣ ਮੈਦਾਨ ਚ ਨੇ।

ਵੇਰਵੇ ਨਾਲ ਇਕ ਰਿਪੋਰਟ

---

ਅੱਜ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵਿਖੇ 73ਵਾਂ ਡਿਗਰੀ ਵੰਡ ਸਮਾਰੋਹ ਕਰਵਾਇਆ ਗਿਆ। ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਤ ਪ੍ਰਦੇਸ਼, ਚੰਡੀਗੜ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਸਮਾਰੋਹ ਦੀ ਪ੍ਰਧਾਨਗੀ ਕੀਤੀ। ਸਮਾਰੋਹ ਵਿਚ ਉਪ ਰਾਸ਼ਟਰਪਤੀ ਤੇ ਪੰਜਾਬ ਯੂਨੀਵਰਸਿਟੀ ਦੇ ਕੁਲਪਤੀ CP ਰਾਧਾ ਕ੍ਰਿਸ਼ਨ ਨੇ ਵੀਡੀਓ ਸੁਨੇਹੇ ਰਾਹੀਂ ਸੰਬੋਧਨ ਕਰਦਿਆਂ ਕਿਹਾ ਕਿ

Byte

ਕਨਵੋਕੇਸ਼ਨ ਦੌਰਾਨ ਪ੍ਰੋਫੈਸਰ ਕੇ.ਐਨ. ਪਾਠਕ ਤੇ ਡਾ. ਵਿਜੇ ਪੀ. ਭਾਟਕਰ ਨੂੰ ਡਾਕਟਰ ਆਫ਼ ਸਾਇੰਸ ਆਨਰਿਸ ਕਾਸਾ ਦੀਆਂ ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ ਜਦਕਿ ਜਸਟਿਸ ਆਦਰਸ਼ ਕੁਮਾਰ ਗੋਇਲ ਨੂੰ ਡਾਕਟਰ ਆਫ਼ ਲਾਅਜ਼ ਦੀ ਡਿਗਰੀ ਪ੍ਰਦਾਨ ਕੀਤੀ ਗਈ । ਪੀ.ਯੂ. ਵਿਗਿਆਨ ਰਤਨ ਪੁਰਸਕਾਰ ਪ੍ਰੋ. ਪ੍ਰਦੀਪ ਥਾਲਪਿਲ ਨੂੰ, ਪੀ.ਯੂ. ਖੇਲ ਰਤਨ ਪੁਰਸਕਾਰ ਸਰਬਜੋਤ ਸਿੰਘ ਨੂੰ ਤੇ ਪੀ.ਯੂ. ਸਾਹਿਤ ਰਤਨ ਪੁਰਸਕਾਰ ਅਮਰਜੀਤ ਗਰੇਵਾਲ ਨੂੰ ਪ੍ਰਦਾਨ ਕੀਤਾ ਗਿਆ । 347 ਖੋਜਾਰਥੀਆਂ ਨੂੰ ਪੀ.ਐਚ.ਡੀ. ਡਿਗਰੀਆਂ, 420 ਅੰਡਰ-ਗ੍ਰੈਜੁਏਟ ਤੇ ਪੋਸਟ ਗ੍ਰੈਜੂਏਟ ਟਾਪਰਾਂ ਨੂੰ ਗੋਲਡ ਮੈਡਲ ਅਤੇ ਸਰਟੀਫਿਕੇਟ ਦਿੱਤੇ ਗਏ । ਰਾਜਪਾਲ ਨੇ ਡਿਗਰੀਆਂ ਪ੍ਰਪਤ ਕਾਰਨ ਵਾਲਿਆਂ ਨੂੰ ਵਧਾਈ ਦਿੰਦਿਆਂ ਸਮਾਜ ਲਈ ਕੰਮ ਕਰਨ ਦਾ ਸੱਦਾ ਦਿੱਤਾ I ਪੰਜਾਬ ਯੂਨੀਵਰਸਿਟੀ ਦੀ ਉਪ-ਕੁਲਪਤੀ ਪ੍ਰੋ. ਰੇਨੂੰ ਵਿਗ ਨੇ ਯੂਨੀਵਰਸਿਟੀ ਦੀਆਂ ਪ੍ਰਾਪਤੀਆਂ ਤੇ ਚਾਨਣਾ ਪਾਇਆ । ਇਸ ਮੌਕੇ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ, ਪੀਯੂ ਰਜਿਸਟਰਾਰ ਪ੍ਰੋ. ਵਾਈ.ਪੀ. ਵਰਮਾ, ਯੂਨੀਵਰਸਿਟੀ ਦੇ ਸੀਨੀਅਰ ਅਧਿਕਾਰੀਆਂ, ਫੈਕਲਟੀ ਮੈਂਬਰ, ਵਿਦਿਆਰਥੀ ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰ ਵੀ ਮੌਜੂਦ ਸਨ। PN

---------------------------------------------------------------

ਮੋਹਾਲੀ ਸਥਿਤ ਵੱਕਾਰੀ ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਦੇ 5 ਸਾਬਕਾ ਵਿਦਿਆਰਥੀਆਂ ਨੂੰ ਅੱਜ ਭਾਰਤੀ ਹਥਿਆਰਬੰਦ ਸੈਨਾਵਾਂ ਵਿੱਚ ਅਧਿਕਾਰੀਆਂ ਵਜੋਂ ਸ਼ਾਮਲ ਕੀਤਾ ਗਿਆ ਏ। ਇੰਡੀਅਨ ਮਿਲਟਰੀ ਅਕੈਡਮੀ (ਆਈਐਮਏ), ਦੇਹਰਾਦੂਨ ਵਿਖੇ 157ਵੇਂ ਰੈਗੂਲਰ ਕੋਰਸ ਦੀ ਪਾਸਿੰਗ ਆਊਟ ਪਰੇਡ, ਜਿਸ ਦੀ ਸਮੀਖਿਆ ਫੌਜ ਮੁਖੀ ਜਨਰਲ ਉਪੇਂਦਰ ਦਿਵੇਦੀ, ਵਲੋਂ ਕੀਤੀ ਗਈ, ਦੌਰਾਨ ਚਾਰ ਕੈਡਿਟਾਂ ਨੂੰ ਭਾਰਤੀ ਫੌਜ ਵਿੱਚ ਸ਼ਾਮਲ ਕੀਤਾ ਗਿਆ। ਭਾਰਤੀ ਫੌਜ ਵਿੱਚ ਸ਼ਾਮਲ ਹੋਣ ਵਾਲੇ ਕੈਡਿਟਾਂ ਵਿੱਚ ਗੁਰਕੀਰਤ ਸਿੰਘ (ਅੰਮ੍ਰਿਤਸਰ), ਬਰਜਿੰਦਰ ਸਿੰਘ (ਗੁਰਦਾਸਪੁਰ), ਸੁਖਦੇਵ ਸਿੰਘ ਗਿੱਲ (ਗੁਰਦਾਸਪੁਰ) ਤੇ ਵਿਨਾਇਕ ਸ਼ਰਮਾ (ਪਠਾਨਕੋਟ) ਸ਼ਾਮਲ ਨੇ। ਇਕ ਹੋਰ ਕੈਡੇਟ ਕੁਸ਼ ਪਾਂਡਿਆ (ਲੁਧਿਆਣਾ) ਨੂੰ ਹੈਦਰਾਬਾਦ ਦੇ ਡੰਡੀਗਲ ਸਥਿਤ ਏਅਰ ਫੋਰਸ ਅਕੈਡਮੀ ਵਿਖੇ 216ਵੇਂ ਕੋਰਸ ਤੋਂ ਬਾਅਦ ਹਵਾਈ ਫੌਜ ਵਿੱਚ ਫਲਾਇੰਗ ਅਫਸਰ ਵਜੋਂ ਸ਼ਾਮਲ ਕੀਤਾ ਗਿਆ। ਇਸ ਪਰੇਡ ਦਾ ਨਿਰੀਖਣ ਚੀਫ਼ ਆਫ਼ ਡਿਫੈਂਸ ਸਟਾਫ ਜਨਰਲ ਅਨਿਲ ਚੌਹਾਨ ਵੱਲੋਂ ਕੀਤਾ ਗਿਆ। ਪੰਜਾਬ ਦੇ ਰੁਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਅਮਨ ਅਰੋੜਾ ਨੇ ਇਸ ਸ਼ਾਨਦਾਰ ਪ੍ਰਾਪਤੀ ਤੇ ਸਾਬਕਾ ਕੈਡਿਟਾਂ ਨੂੰ ਵਧਾਈ ਦਿੱਤੀ ਏ।

---

ਹਿਮਾਲਿਆਈ ਚੁਣੌਤੀਆਂ ਜਿਵੇਂ ਕਿ ਅਨਿਯਮਿਤ ਬਾਰਿਸ਼, ਤੇਜ਼ੀ ਨਾਲ ਗਲੇਸ਼ੀਅਰ ਪਿਘਲਣਾ, ਅਸਥਿਰ ਢਲਾਣਾਂ, ਅਤੇ ਸੀਮਤ ਅਸਲ-ਸਮੇਂ ਦੇ ਵਾਤਾਵਰਣ ਡੇਟਾ ਨੂੰ ਹੱਲ ਕਰਨ ਲਈ ਡਾ. ਬੀ. ਆਰ. ਅੰਬੇਡਕਰ ਨੈਸ਼ਨਲ ਇੰਸਟੀਚਿਊਟ ਆਫ਼ ਟੈਕਨਾਲੋਜੀ (ਐਨਆਈਟੀ) ਜਲੰਧਰ ਨੇ ਆਰਟੀਫੀਸ਼ੀਅਲ ਇੰਟੈਲੀਜੈਂਸ ਰਾਹੀਂ ਇੰਜੀਨੀਅਰਿੰਗ ਤੇ ਵਿਗਿਆਨ ਪ੍ਰਣਾਲੀਆਂ ਸਿੱਖਣ ਲਈ ਛੇ ਹਫ਼ਤਿਆਂ ਦਾ ਅੰਤਰਰਾਸ਼ਟਰੀ ਪ੍ਰੋਗਰਾਮ ਸ਼ੁਰੂ ਕੀਤਾ ਏ । ਇਹ ਦੇਸ਼  ਭਰ ਦੇ ਵਿਦਵਾਨਾਂ ਨੂੰ ਆਰਟੀਫੀਸ਼ੀਅਲ ਇੰਟੈਲੀਜੈਂਸ ਐਪਲੀਕੇਸ਼ਨਾਂ ਰਾਹੀਂ ਆਫ਼ਤ ਪ੍ਰਬੰਧਨ ਤੇ ਬੁਨਿਆਦੀ ਢਾਂਚੇ ਦੀ ਸੁਰੱਖਿਆ ਸਿੱਖਣ ਵਿੱਚ ਮਦਦ ਕਰੇਗਾ । ਕੈਨੇਡਾ ਦੀ ਬ੍ਰੈਂਡਨ ਯੂਨੀਵਰਸਿਟੀ ਤੋਂ ਅੰਤਰਰਾਸ਼ਟਰੀ ਮਾਹਰ ਪ੍ਰੋ. ਗੌਤਮ ਸ਼੍ਰੀਵਾਸਤਵ ਨੇ ਪਹਿਲਾ ਭਾਸ਼ਣ ਦਿੱਤਾ । ਡਾ. ਮਹੇਸ਼ ਪਟੇਲ ਤੇ ਡਾ. ਮੋਹਿਤ ਕੁਮਾਰ ਦੀ ਅਗਵਾਈ ਵਿਚ ਇਹ ਪ੍ਰੋਗਰਾਮ ਤਕਨੀਕੀ ਸੈਸ਼ਨਾਂ ਨਾਲ ਜਾਰੀ ਰਹੇਗਾ । ਇਸ ਬਾਰੇ ਡਾ. ਮਹੇਸ਼ ਨੇ ਕਿਹਾ ਕਿ

Byte

ਇਸ ਤੋਂ ਪਹਿਲਾਂ ਪ੍ਰੋਗਰਾਮ ਦਾ ਉਦਘਾਟਨ ਕਰਦਿਆਂ  NIT ਜਲੰਧਰ ਦੇ ਡਾਇਰੈਕਟਰ, ਪ੍ਰੋ. ਬਿਨੋਦ ਕੁਮਾਰ ਕਨੌਜੀਆ, ਪ੍ਰੋ. ਅਨੀਸ਼ ਕੁਮਾਰ ਸਚਦੇਵਾ (ਡੀਨ, ਵਿਦਿਆਰਥੀ ਤੇ ਭਲਾਈ) ਤੇ ਪ੍ਰੋ. ਰੋਹਿਤ ਮਹਿਰਾ

(ਡੀਨ, ਖੋਜ ਅਤੇ ਸਲਾਹਕਾਰ) ਦੇ ਨਾਲ-ਨਾਲ ਸੀਨੀਅਰ ਫੈਕਲਟੀਜ਼ ਨੇ ਸ਼ਿਰਕਤ ਕੀਤੀ।

---------------------------------------------------------------------

ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਖੇਤਰੀ ਦਫ਼ਤਰ ਫਰੀਦਕੋਟ ਦੁਆਰਾ ਵਾਤਾਵਰਣ ਇੰਜੀਨੀਅਰ ਰਵੀਦੀਪ ਸਿੰਗਲਾ ਦੀ ਅਗਵਾਈ ਹੇਠ ਕੂੜੇ ਨੂੰ ਸਾੜਨ ਤੋਂ ਰੋਕਣ ਤੇ ਸੁੱਕੇ ਅਤੇ ਗਿੱਲੇ ਰਹਿੰਦ-ਖੂੰਹਦ ਨੂੰ ਸਹੀ ਢੰਗ ਨਾਲ ਵੱਖ ਕਰਨ ਨੂੰ ਉਤਸ਼ਾਹਿਤ ਕਰਨ ਲਈ ਜਾਗਰੂਕਤਾ-ਕਮ-ਸਿਖਲਾਈ ਸੈਸ਼ਨ ਨਗਰ ਕੌਂਸਲ ਫ਼ਰੀਦਕੋਟ ਵਿਖੇ ਕਰਵਾਇਆ ਗਿਆ। ਪ੍ਰੋਗਰਾਮ ਵਿੱਚ ਨਗਰ ਕੌਂਸਲ ਫ਼ਰੀਦਕੋਟ ਅਧੀਨ ਸਾਰੇ ਸਫਾਈ ਸੇਵਕਅਤੇ ਫੀਲਡ ਸਟਾਫ ਨੇ ਸ਼ਿਰਕਤ ਕੀਤੀ । ਇਸ ਸਿਖਲਾਈ ਸੈਸ਼ਨ ਵਿੱਚ ਬਿਕਰਮਜੀਤ ਸਿੰਘ  ਸਹਾਇਕ ਵਾਤਾਵਰਣ ਇੰਜੀਨੀਅਰ ਨੇ ਭਾਗੀਦਾਰਾਂ ਨੂੰ ਠੋਸ ਰਹਿੰਦ-ਖੂੰਹਦ ਨੂੰ ਸਾੜਨ ਦੇ ਸਿਹਤ ਪ੍ਰਭਾਵਾਂ, ਨਗਰਪਾਲਿਕਾ ਤੇ ਬਾਗਬਾਨੀ ਰਹਿੰਦ-ਖੂੰਹਦ ਨੂੰ ਸਾੜਨ ਨਾਲ ਹਵਾ ਪ੍ਰਦੂਸ਼ਣ ਵਿਚ ਇਸ ਦੇ ਯੋਗਦਾਨ ਬਾਰੇ ਜਾਗਰੂਕ ਕੀਤਾ। ਉਨ੍ਹਾਂ ਦੱਸਿਆ ਕਿ ਕਚਰਾ ਬਾਲਣ ਨਾਲ ਹਵਾ ਵਿੱਚ ਨੁਕਸਾਨਦੇਹ ਤੱਤ ਫੈਲਦੇ ਹਨ, ਜੋ ਦਮਾ, ਐਲਰਜੀ ਆਦਿ ਬੀਮਾਰੀਆਂ ਦਾ ਕਾਰਨ ਬਣਦੇ ਨੇ। ਉਨ੍ਹਾਂ ਕਿਹਾ ਕਿ ਸਫਾਈ ਸੇਵਕ ਇਸ ਸਮੱਸਿਆ ਨੂੰ ਘੱਟ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਨੇ।

---

ਬਾਲ ਭਲਾਈ ਕੌਂਸਲ ਪੰਜਾਬ ਵਲੋਂ ਰਾਜ ਪੱਧਰੀ ਵੀਰ ਬਾਲ ਦਿਵਸ-2025 ਸਬੰਧੀ ਮੁਕਾਬਲੇ ਲੁਧਿਆਣਾ ਵਿਖੇ ਕਰਵਾਏ ਗਏ ਤੇ ਇਨ੍ਹਾਂ ਮੁਕਾਬਲਿਆਂ ਦੌਰਾਨ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਰਾਜਪਾਲ  ਗੁਲਾਬ ਚੰਦ ਕਟਾਰੀਆ ਵੱਲੋਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ। ਇਸ ਮੌਕੇ ਉਨ੍ਹਾਂ ਵੱਲੋਂ ਵੱਖ-ਵੱਖ ਜ਼ਿਲ੍ਹਿਆਂ ਤੋਂ ਆਏ ਹੋਏ ਸਕੂਲਾਂ ਦੇ ਵਿਦਿਆਰਥੀਆਂ ਨੂੰ ਛੋਟੇ ਸਾਹਿਬਜ਼ਾਦਿਆਂ ਦੀਆਂ ਲਾਸਾਨੀ ਸ਼ਹਾਦਤਾਂ ਬਾਰੇ ਜਾਣੂੰ ਕਰਵਾਇਆ, ਡਿਪਟੀ ਕਮਿਸ਼ਨਰ ਅਭਿਜੀਤ ਕਪਲਿਸ਼ ਵੱਲੋਂ ਰਾਜ ਪੱਧਰੀ ਬਾਲ ਦਿਵਸ-2025 ਦੇ ਮੁਕਾਬਲਿਆਂ ਦੌਰਾਨ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੀ ਟੀਮ ਵੱਲੋਂ ਦੂਜਾ ਸਥਾਨ ਪ੍ਰਾਪਤ ਕਰਨ ’ਤੇ ਮੁਬਾਰਕਬਾਦ ਦਿੱਤੀ ਤੇ ਕਿਹਾ ਕਿ ਇਹ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਮਿਹਨਤ ਦਾ ਨਤੀਜਾ ਏ। ਜ਼ਿਲ੍ਹਾ ਸਿੱਖਿਆ ਅਫ਼ਸਰ  ਜਸਪਾਲ ਮੌਂਗਾ ਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਰਜਿੰਦਰ ਕੁਮਾਰ ਸੋਨੀ ਨੇ ਜੇਤੂ ਵਿਦਿਆਰਥੀਆਂ, ਗਾਈਡ ਅਧਿਆਪਕ, ਸਕੂਲ ਪ੍ਰਿੰਸੀਪਲ, ਜ਼ਿਲ੍ਹਾ ਨੋਡਲ ਤੇ ਸਹਾਇਕ ਨੋਡਲ ਨੂੰ ਇਸ ਉਪਲੱਬਧੀ ’ਤੇ ਵਧਾਈ ਦਿੱਤੀ।

---

- ਦੇਸ਼ ਅੱਜ ਸੰਸਦ ਤੇ ਦਹਿਸ਼ਤਗਰਦੀ ਹਮਲੇ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰ ਰਿਹਾ ਏ-ਰਾਸ਼ਟਰਪਤੀ, ਉਪ ਰਾਸ਼ਟਰਪਤੀ, ਪ੍ਰਧਾਨ ਮੰਤਰੀ ਤੇ ਹੋਰਾਂ ਵੱਲੋਂ ਸ਼ਹੀਦਾਂ ਨੂੰ ਸ਼ਰਧਾ ਦੇ ਫੁਲ ਭੇਟ

- ਪੰਜਾਬ ਵਿਚ ਜ਼ਿਲਾ ਪਰੀਸ਼ਦ ਤੇ ਬਲਾਕ ਸਮਤੀ ਚੋਣਾਂ ਲਈ ਵੋਟਾਂ ਕੱਲ ਪੈਣਗੀਆਂ-ਚੋਣਾਂ ਆਜ਼ਾਦ ਤੇ ਨਿਰਪੱਖ ਢੰਗ ਨਾਲ ਕਰਵਾਉਣ ਲਈ ਤਿਆਰੀਆਂ ਮੁਕਮਲ

- ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਖੇ 73ਵਾਂ ਡਿਗਰੀ ਵੰਡ ਸਮਾਰੋਹ ਕਰਵਾਇਆ-ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਕੀਤੀ ਸਮਾਰੋਹ ਦੀ ਪ੍ਰਧਾਨਗੀ

- ਮੋਹਾਲੀ ਸਥਿਤ ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਦੇ 5 ਸਾਬਕਾ ਵਿਦਿਆਰਥੀ ਭਾਰਤੀ ਹਥਿਆਰਬੰਦ ਸੈਨਾਵਾਂ ਵਿੱਚ ਅਧਿਕਾਰੀਆਂ ਵਜੋਂ ਸ਼ਾਮਲ

----------------------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ**

ਦਾ ਅਗਲਾ  ਬੁਲੇਟਿਨ  ਤੁਸੀਂ ਸੁਣੋਗੇ 7 ਵੱਜਕੇ 30 ਮਿੰਟ  'ਤੇ

ਨਮਸਕਾਰ  !